# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਕਾਰਵਾਈ

## 03 ਵੱਖ-ਵੱਖ ਮੁਕਦਮਿਆਂ ਵਿੱਚ 500 ਗ੍ਰਾਮ ਅਫੀਮ, 100 ਲੀਟਰ ਲਾਹਣ, ਚਾਲੂ ਭੱਠੀ, ਸ਼ਰਾਬ ਠੇਕਾ ਅੰਗਰੇਜ਼ੀ ਅਤੇ ਇੱਕ ਕਾਰ ਸਮੇਤ 3 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ

ਮਾਨਯੋਗ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਅੰਦਰ ਨਸ਼ਿਆ ਖਿਲਾਫ ਵਿੱਢੀ ਮੁਹਿੰਮ ਤਹਿਤ ਜਿੱਥੇ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਜਿਲ੍ਹਾ ਅੰਦਰ ਸਰਚ ਅਭਿਆਨ ਚਲਾਇਆ ਜਾ ਰਿਹਾ ਹੈ ਉੱਥੇ ਹੀ ਨਸ਼ੇ ਦੇ ਸੁਦਾਗਰਾ ਨੂੰ ਫੜ ਕੇ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਪੁਲਿਸ ਵੱਲੋਂ ਵੱਖ ਵੱਖ ਥਾਣਿਆ ਵਿੱਚ 3 ਮੁਕੱਦਮੇ ਦਰਜ ਕਰ 3 ਦੋਸ਼ੀਆਂ ਨੂੰ ਗ੍ਰਿਫਤਾਰ ਕਰ ਉਨ੍ਹਾ ਪਾਸੋ 500 ਗ੍ਰਾਮ ਅਫੀਮ ਇੱਕ ਮੋਟਰਸਾਈਕਲ ਹੀਰੋ ਸਪਲੈਂਡਰ ਪਲੱਸ ਰੰਗ ਸਿਲਵਰ ਨੰਬਰੀ PB-53B-7164, 100 ਲੀਟਰ ਲਾਹਣ,ਚਾਲੂ ਭੱਠੀ,5 ਬੋਤਲਾਂ ਸ਼ਰਾਬ ਨਜਾਇਜ਼,09 ਬੋਤਲਾਂ ਸ਼ਰਾਬ ਠੇਕਾ ਅੰਗਰੇਜ਼ੀ ਮਾਰਕਾ ਗ੍ਰਾਂਡ ਅਫ਼ੇਅਰ ਪੰਜਾਬ ਅਤੇ ਕਾਰ ਮਾਰਕਾ ਫੀਅਟ ਪੁੰਟੋ ਨੰਬਰੀ HR-26BE-6104 ਬ੍ਰਾਮਦ ਕੀਤੇ ਗਏ ਹਨ ।

ਕੇਸ ਨੰਬਰ 01

ਥਾਣਾ ਸਿਟੀ ਮਲੋਟ ਪੁਲਿਸ ਵੱਲੋਂ ਬ੍ਰਾਏ ਗਸ਼ਤ ਵਾ ਚੈਕਿੰਗ ਦੌਰਾਨ ਮਲੋਟ ਸ਼ਹਿਰ ਮੌਜੂਦ ਸੀ ਤਾਂ ਮੁਕਤਸਰ ਰੋਡ ਦੀ ਤਰਫ਼ੋਂ ਇੱਕ ਆਦਮੀ ਮੋਟਰਸਾਈਕਲ ਹੀਰੋ ਸਪਲੈਂਡਰ ਪਲੱਸ ਰੰਗ ਸਿਲਵਰ ਨੰਬਰੀ PB-53B-7164 ਪਰ ਆਉਂਦਾ ਦਿਖਾਈ ਦਿੱਤਾ ਜਿਸਨੂੰ ਸ਼ੱਕ ਦੀ ਬਿਨਾਂ ਪਰ ਰੋਕ ਕੇ ਮੋਟਰਸਾਈਕਲ ਸਵਾਰ ਵਿਅਕਤੀ ਦਾ ਨਾਮ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਗੁਰਮੀਤ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਪਿੰਡ ਈਨਾ ਖੇੜਾ ਦੱਸਿਆ। ਸ਼ੱਕ ਦੇ ਅਧਾਰ ਤੇ ਮੋਟਰਸਾਈਕਲ ਸਵਾਰ ਦੇ ਕੋਲ ਸਮਾਨ ਦੀ ਤਲਾਸ਼ੀ ਕੀਤੀ ਤਾਂ ਉਸ ਵਿੱਚੋਂ 500 ਗ੍ਰਾਮ ਅਫੀਮ ਬ੍ਰਾਮਦ ਹੋਈ ਜਿਸ ਤੇ ਉਕਤ ਦੋਸ਼ੀ ਤੇ ਥਾਣਾ ਸਿਟੀ ਮਲੋਟ ਪੁਲਿਸ ਵਲੋਂ ਮੁੱਕਦਮਾ ਨੰ 177 ਮਿਤੀ 04.10 .2023 ਅ/ਧ 18C/61/85 ਐਨ.ਡੀ.ਪੀ.ਐਸ ਐਕਟ ਤਹਿਤ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

ਕੇਸ਼ ਨੰਬਰ 02

ਥਾਣਾ ਬਰੀਵਾਲਾ ਪੁਲਿਸ ਵੱਲੋਂ ਮੁਖਬਰ ਦੀ ਇਤਲਾਹ ਤੇ ਜਰਨੈਲ ਸਿੰਘ ਪੁੱਤਰ ਹਾਕਮ ਸਿੰਘ ਵਾਸੀ ਹਰੀਕੇ ਕਲਾਂ ਤੋਂ 100 ਲੀਟਰ ਲਾਹਣ, 5 ਬੋਤਲਾਂ ਸ਼ਰਾਬ ਨਜਾਇਜ਼ ਅਤੇ ਚਾਲੂ ਭੱਠੀ ਬ੍ਰਾਮਦ ਕੀਤੀ ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 68 ਮਿਤੀ 04.10.2023 ਅ/ਧ 61/1/14 ਐਕਸਾਇਜ਼ ਐਕਟ ਦਰਜ਼ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

ਕੇਸ ਨੰਬਰ 03

ਥਾਣਾ ਲੰਬੀ ਪੁਲਿਸ ਵੱਲੋਂ ਬ੍ਰਾਏ ਗਸ਼ਤ ਵਾ ਚੈਕਿੰਗ ਦੌਰਾਨ ਸ਼ਕੀ ਪੁਰਸ਼ਾਂ ਦੇ ਸਬੰਧ ਵਿੱਚ ਮੰਡੀ ਕਿੱਲਿਆਂਵਾਲੀ ਨਾਕਾ ਬੰਦੀ ਦੌਰਾਨ ਇੱਕ ਕਾਰ ਮਾਰਕਾ ਫੀਅਟ ਪੁੰਟੋ ਨੰਬਰੀ HR-26BE-6104 ਆਉਂਦੀ ਦਿਖਾਈ ਦਿੱਤੀ ਜਿਸ ਨੂੰ ਰੋਕ ਕੇ ਵਿਅਕਤੀ ਦਾ ਨਾਮ ਪੁੱਛਿਆ ਤਾਂ ਕਾਰ ਸਵਾਰ ਵਿਅਕਤੀ ਨੇ ਆਪਣਾ ਨਾਮ ਨਿਤਿਨ ਨਾਗਪਾਲ ਪੁੱਤਰ ਹਰੀਸ਼ ਕੁਮਾਰ ਵਾਸੀ ਅਬੋਹਰ ਦੱਸਿਆ ਅਤੇ ਕਾਰ ਦੀ ਤਲਾਸ਼ੀ ਲੈਣ ਤੇ ਉਸ ਵਿੱਚੋਂ 09 ਬੋਤਲਾਂ ਸ਼ਰਾਬ ਠੇਕਾ ਅੰਗਰੇਜ਼ੀ ਮਾਰਕਾ ਗ੍ਰਾਂਡ ਅਫ਼ੇਅਰ ਪੰਜਾਬ ਬ੍ਰਾਮਦ ਕੀਤੀ ਜਿਸ ਤੇ ਮੁਕੱਦਮਾ ਨੰਬਰ: 222 ਮਿਤੀ 04.10.2023 ਅ/ਧ 61/1/14 ਐਕਸਾਇਜ਼ ਐਕਟ ਤਹਿਤ ਥਾਣਾ ਲੰਬੀ ਵਿਖੇ ਦਰਜ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।